ਪੰਜਾਬ ਸਟੇਟ ਟਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ
ਰਜਿ: ਦਫ਼ਤਰ: ਪੀ.ਐਸ.ਈ.ਬੀ.,ਹੈੱਡ ਆਫਿਸ, ਦੀ ਮਾਲ, ਪਟਿਆਲਾ-147001, ਪੰਜਾਬ, ਭਾਰਤ)
ਦਫ: ਨਿਗ: ਇੰਜੀ:/ ਐੱਚ ਆਰ ਅਤੇ ਪ੍ਰਬੰਧਕੀ ਸੰਸਥਾ, ਸ਼ਕਤੀ ਸਦਨ ਪਟਿਆਲਾ।
ਫੈਕਸ ਨੰ:- 0175 -2220054 ਟੈਲੀਫੂਨ ਨੰ:-0175-2370693 ਵੈਬਸਾਇਟ : pstcl.org

ਵੱਲ

ਮੁੱਖ ਇੰਜ:/ਪੀ ਤੇ ਐਮ,
ਪੀ.ਐਸ.ਟੀ.ਸੀ.ਐਲ, ਲੁਧਿਆਣਾ।

ਮੀਮੋ ਨੰ: 22540 /Sen./Elect./G-1/20 ਮਿਤੀ: 15/11/22

ਵਿਸ਼ਾ:- **ਇਲੈਕਟ੍ਰੀਸ਼ਨ-ਗ੍ਰੇਡ-1 ਕਰਮਚਾਰੀਆਂ ਦੀ ਮਿਤੀ 01.08.18 ਤੋਂ 31.01.21 ਦੀ ਟੈਨਟੇਟਿਵ ਸੀਨੀਆਰਤਾ ਸੂਚੀ ਤਿਆਰ ਕਰਨ ਸਬੰਧੀ ।**

ਪੀ.ਐਸ.ਟੀ.ਸੀ.ਐਲ. ਵੱਲੋ ਇਲੈਕਟ੍ਰੀਸ਼ਨ-ਗ੍ਰੇਡ-1 ਕਰਮਚਾਰੀਆਂ ਦੀ ਮਿਤੀ 01.08.18 ਤੋਂ 31.01.21 ਤੱਕ ਦੀ ਟੈਨਟੇਟਿਵ ਸੀਨੀਆਰਤਾ ਸੂਚੀ ਤਿਆਰ ਕੀਤੀ ਗਈ ਹੈ। ਇਹ ਸੀਨੀਆਰਤਾ ਸੂਚੀ ਪੀ.ਐਸ.ਟੀ.ਸੀ.ਐਲ ਦੀ ਵੈਬਸਾਈਟ pstcl.org ਤੇ ਉਪਲੱਬਧ ਲਿੰਕ information>seniority list ਤੇ ਅਪਲੋਡ ਕਰਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਟੈਨਟੇਟਿਵ ਸੀਨੀਆਰਤਾ ਸੂਚੀ ਵਿੱਚ ਦਰਸਾਏ ਇਲੈਕਟ੍ਰੀਸ਼ਨ-ਗ੍ਰੇਡ-1 ਕਰਮਚਾਰੀਆਂ ਅਤੇ ਅਜ਼ਮਾਇਸ਼ੀ ਸਮੇਂ ਦੌਰਾਨ ਅਨੁਸ਼ਾਸਨੀ ਕੇਸਾਂ/ਕੰਮ ਅਤੇ ਵਿਵਹਾਰ ਸਬੰਧੀ ਰਿਪੋਰਟ ਆਪਣੇ ਪੱਧਰ ਤੇ ਤਸਦੀਕ ਕਰਕੇ ਹੋਏ ਜੇਕਰ ਕਿਸੇ ਕਰਮਚਾਰੀ ਸਬੰਧੀ ਕੋਈ ਕੇਸ/ਰਿਪੋਰਟ ਦਰਜ/ਪੈਂਡਿੰਗ ਹੈ ਤਾਂ ਸੂਚੀ ਜਾਰੀ ਹੋਣ ਤੋਂ ਇੱਕ ਮਹੀਨੇ ਦੇ ਅੰਦਰ-ਅੰਦਰ ਇਸ ਦਫ਼ਤਰ ਨੂੰ ਸੂਚਿਤ ਕੀਤਾ ਜਾਵੇ ਅਤੇ ਵੇਰਵੇ ਉਹਨਾਂ ਦੀਆਂ ਸੇਵਾ ਪੱਤਰੀਆਂ ਤੋ ਜਾਂਚ ਲਏ ਜਾਣ ।

ਇਹ ਟੈਨਟੇਟਿਵ ਸੀਨੀਆਰਤਾ ਸੂਚੀ ਸਾਰੇ ਸਬੰਧਤ ਕਰਮਚਾਰੀਆਂ ਤੋਂ ਨੋਟ ਕਰਵਾ ਲਈ ਜਾਵੇ। ਜੇਕਰ ਕੋਈ ਕਰਮਚਾਰੀ ਇਹ ਅਨੁਭਵ ਕਰੇ ਕਿ ਉਸ ਨੂੰ ਸੀਨੀਆਰਤਾ ਨੰਬਰ ਸਹੀ ਅਲਾਟ ਨਹੀਂ ਕੀਤਾ ਗਿਆ ਜਾਂ ਕਿਸੇ ਸਬੰਧਤ ਕਰਮਚਾਰੀ ਦਾ ਨਾਮ ਇਸ ਸੀਨੀਆਰਤਾ ਸੂਚੀ ਵਿੱਚ ਦਰਜ ਹੋਣ ਤੋ ਰਹਿ ਗਿਆ ਹੋਵੇ ਜਾਂ ਕਿਸੇ ਕਰਮਚਾਰੀ ਦੇ ਸੇਵਾ ਵੇਰਵੇ ਗਲਤ ਹੋਣ ਤਾਂ ਉਹ ਇਸ ਸਬੰਧੀ ਆਪਣੀ ਪ੍ਰਤੀਬੇਨਤੀ, ਸੂਚੀ ਜਾਰੀ ਹੋਣ ਦੀ ਮਿਤੀ ਤੋ ਇੱਕ ਮਹੀਨੇ ਦੇ ਅੰਦਰ-ਅੰਦਰ ਸਬੰਧਤ ਦਫ਼ਤਰ ਰਾਹੀਂ ਇਸ ਦਫ਼ਤਰ ਨੂੰ ਭੇਜਣ ਦੀ ਖੇਚਲ ਕਰੇ।ਇਥੇ ਇਹ ਵੀ ਦੱਸਿਆ ਜਾਂਦਾ ਹੈ ਕਿ ਮਿੱਥੇ ਸਮੇਂ ਤੋ ਬਾਅਦ ਪ੍ਰਾਪਤ ਹੋਣ ਵਾਲੀ ਕਿਸੇ ਵੀ ਪ੍ਰਤੀ ਬੇਨਤੀ ਤੇ ਕੋਈ ਕਾਰਵਾਈ ਨਹੀਂ ਕੀਤੀ ਜਾਵੇਗੀ ਅਤੇ ਕੋਈ ਵੀ ਤਬਦੀਲੀ ਨਾਂ ਹੋਣ ਦੀ ਸੂਰਤ ਵਿੱਚ ਇਹ ਸੀਨੀਆਰਤਾ ਸੂਚੀ ਖੁਦ-ਬ-ਖੁਦ ਪੂਰਨ ਅਤੇ ਸਹੀ ਸਮਝੀ ਜਾਵੇਗੀ ।

ਇਥੇ ਇਹ ਵੀ ਵਰਨਣ ਯੋਗ ਹੈ ਕਿ ਇਹ ਟੈਨਟੇਟਿਵ ਸੀਨੀਆਰਤਾ ਸੂਚੀ ਹੇਠ ਲਿਖੀਆਂ ਸ਼ਰਤਾਂ ਅਨੁਸਾਰ ਜਾਰੀ ਕੀਤੀ ਜਾਂਦੀ ਹੈ:-

(1) ਇਹ ਸੀਨੀਆਰਤਾ ਸੂਚੀ ਤੇ ਕੋਰਟ ਕੇਸਾਂ/ਵਿਭਾਗੀ ਪੜਤਾਲ ਦੇ ਫੈਸਲੇ, ਜੇ ਕਰ ਕੋਈ ਹੋਣ ਤਾਂ ਇੰਨ-ਬਿੰਨ ਲਾਗੂ ਹੋਣ ਯੋਗ ਹੋਣਗੇ।

(2) ਜੇਕਰ ਕਿਸੇ ਵੀ ਕਰਮਚਾਰੀ ਨੂੰ ਡੀਮ ਤਰੱਕੀ/ਜੂਨੀਅਰ ਕਰਮਚਾਰੀ ਤੋਂ ਉੱਪਰ ਸੀਨੀਆਰਤਾ ਦੀ ਬਹਾਲੀ ਹੁੰਦੀ ਹੈ ਤਾਂ ਉਸ ਮੁਤਾਬਿਕ ਉਸਦੀ ਇਸ ਸੀਨੀਆਰਤਾ ਵਿੱਚ ਸੋਧ ਕਰਨ ਯੋਗ ਹੋਵੇਗੀ।

(3) ਜੇਕਰ ਕਿਸੇ ਵੀ ਕਰਮਚਾਰੀ ਵੱਲੋਂ ਉਸ ਦਾ ਪਰਖ ਕਾਲ ਸਮਾਂ ਤੱਸਲੀ ਬਖਸ਼ ਪੂਰਾ ਨਹੀਂ ਕੀਤਾ ਜਾਂਦਾ ਤਾਂ ਉਸ ਮੁਤਾਬਿਕ ਇਸ ਸੀਨੀਆਰਤਾ ਸੂਚੀ ਵਿੱਚ ਸੋਧ ਕਰਨ ਯੋਗ ਹੋਵੇਗੀ।

ਇਹ ਸਮਰੱਥ ਅਧਿਕਾਰੀ ਦੀ ਪ੍ਰਵਾਨਗੀ ਨਾਲ ਜਾਰੀ ਕੀਤਾ ਜਾਂਦਾ ਹੈ ਜੀ।

ਨੱਥੀ/ ਇਲੈਕਟ੍ਰੀਸ਼ਨ-ਗ੍ਰੇਡ-1 ਦੀ
ਟੈਨਟੇਟਿਵ ਸੀਨੀਆਰਤਾ ਸੂਚੀ।

14/11/2022

ਵਧੀਕ ਨਿਗ:ਇੰਜੀ:/ਟ੍ਰੇਨਿੰਗ ਸੈੱਲ,
ਪੀਐਸਟੀਸੀਐਲ,ਪਟਿਆਲਾ

ਸੀ.ਸੀ: ਸੀਨੀ:ਕਾ:ਕਾ:ਇੰਜੀ:/ਪ੍ਰਬੰਧਕੀ ਤੇ ਅਸਟੇਟ, ਪੀ.ਐਸ.ਟੀ.ਸੀ.ਐਲ. ਪਟਿਆਲਾ ।

ਇਲੈਕਟ੍ਰੀਸੀਅਨ ਗ੍ਰੇਡ-1 ਕਰਮਚਾਰੀਆਂ ਦੀ ਟੈਨਟੇਟਿਵ ਸੀਨੀਆਰਤਾ (ਸਮਾਂ 01.08.2018 ਤੋਂ 31.01.2021 ਤੱਕ) ਸੂਚੀ

| ਲੜੀ ਨੰ: | ਕਰਮਚਾਰੀ ਦਾ ਨਾਂ (ਸ਼੍ਰੀ) | ਪਿਤਾ ਦਾ ਨਾਂ (ਸ਼੍ਰੀ) | ਆਈ. ਡੀ. ਨੰ: | ਸੀਨੀ: ਨੰ: ਬਤੌਰ EG-2 | ਸੀਨੀ: ਨੰ: ਬਤੌਰ EG-1 | ਜਨਮ ਦੀ ਮਿਤੀ | PSTCL ਵਿੱਚ ਹਾਜਰ ਹੋਣ ਦੀ ਮਿਤੀ | ਮੌਜੂਦਾ ਅਸਾਮੀ ਤੇ ਲੱਗਣ ਦੀ ਮਿਤੀ | ਸ਼੍ਰੇਣੀ | ਵਿਸ਼ੇਸ਼ ਕਥਨ |
|---|---|---|---|---|---|---|---|---|---|---|
| 1 | ਰੁਪਿੰਦਰ ਸਿੰਘ | ਬਲਰਾਜ ਸਿੰਘ | 604012 | 9 | 9 | 09.01.90 | 24.01.14 | 08.01.21 | ਜਨਰਲ | |

ਫੁੱਟ ਨੋਟ (ਅਨੁਸੂਚਿਤ ਜਾਤੀ)

ਹੇਠ ਲਿਖੇ ਕਰਮਚਾਰੀ ਜੋ ਕਿ ਅਨੁਸੂਚਿਤ ਜਾਤੀ ਕੋਟੇ ਅਧੀਨ ਰਿਜਰਵੇਸ਼ਨ ਦੇ ਅਧਾਰ ਤੇ ਬਤੌਰ ਇਲੈਕਟ੍ਰੀਸ਼ਨ-ਗ੍ਰੇਡ 1 ਪਦ-ਉੱਨਤ ਹੋ ਚੁੱਕੇ ਹਨ, ਨੂੰ ਪਰਸਪਰ ਸੀਨੀਆਰਤਾ ਉਹਨਾਂ ਦੇ ਜਨਰਲ ਕੈਟਾਗਰੀ ਦੇ ਸੀਨੀਅਰ ਕਰਮਚਾਰੀ ਤੋਂ ਇਲੈਕਟ੍ਰੀਸ਼ਨ-ਗ੍ਰੇਡ 1 ਪਦ-ਉੱਨਤ ਬਾਅਦ ਹੀ ਅਲਾਟ ਕੀਤੀ ਜਾਵੇਗੀ।

| ਲੜੀ ਨੰ: | ਕਰਮਚਾਰੀ ਦਾ ਨਾਂ (ਸ਼੍ਰੀ) | ਪਿਤਾ ਦਾ ਨਾਂ (ਸ਼੍ਰੀ) | ਆਈ. ਡੀ. ਨੰ: | ਸੀਨੀ: ਨੰ: ਬਤੌਰ EG-2 | ਸੀਨੀ: ਨੰ: ਬਤੌਰ EG-1 | ਜਨਮ ਦੀ ਮਿਤੀ | PSTCL ਵਿੱਚ ਹਾਜਰ ਹੋਣ ਦੀ ਮਿਤੀ | ਮੌਜੂਦਾ ਅਸਾਮੀ ਤੇ ਲੱਗਣ ਦੀ ਮਿਤੀ | ਸ਼੍ਰੇਣੀ | ਵਿਸ਼ੇਸ਼ ਕਥਨ |
|---|---|---|---|---|---|---|---|---|---|---|
| 1 | ਗੁਰਵਿੰਦਰ ਸਿੰਘ | ਬਲਕਾਰ ਸਿੰਘ | 604022 | 19 | FN-3 | 10.10.87 | 30.01.14 | 07.01.21 | ਅ:ਜਾਤੀ | |

14/11/2022

ਵਧੀਕ ਨਿਗ:ਇੰਜੀ:/ਟ੍ਰੇਨਿੰਗ ਸੈੱਲ,
ਪੀਐਸਟੀਸੀਐਲ, ਪਟਿਆਲਾ